**<u>ਦਫ਼ਤਰ : ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ ਲੋਕ ਨਿਰਮਾਣ ਵਿਭਾਗ ਭਵਨ ਤੇ ਮਾਰਗ ਸ਼ਾਖਾ, ਮਾਨਸਾ।</u>**

ਟੈਲੀਫੋਨ/ਫੈਕਸ ਨੰ: 01652-232119    Email ID :- xen.mansa@gmail.com

ਪੱਤਰ ਨੰ...1095    ਮਿਤੀ...24/05/24

---

ਵੱਲ

Principal,

Atma Ram Memorial Convent School,

Bareta (Mansa).

ਵਿਸ਼ਾ: ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ। (ਸਾਲ 2024-25)

ਹਵਾਲਾ: ਆਪ ਦਾ ਰੇਫ ਨੰ. A/R.M.C-24/16 ਮਿਤੀ 08-05-2024 ਦੇ ਸਬੰਧ ਵਿੱਚ।

ਤੁਹਾਡੇ ਸਕੂਲ ਬਿਲਡਿੰਗ ਦੀ ਉਪ ਮੰਡਲ ਇੰਜੀਨੀਅਰ ਦੇ ਦਫਤਰ ਵੱਲੋਂ ਵਿਜ਼ੂਅਲੀ ਇੰਸਪੇਕਸ਼ਨ ਕੀਤੀ ਗਈ ਅਤੇ ਉਹਨਾਂ ਦੀ ਰਿਪੋਰਟ/ਸਿਫਾਰਿਸ਼ ਅਨੁਸਾਰ ਨਿਮਨਲਿਖਤ ਨਿਰੀਖਣਾ ਅਤੇ ਸ਼ਰਤਾਂ ਅਧੀਨ ਸਾਲ 2024-25 ਦਾ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31-03-2025 ਤੱਕ ਜਾਰੀ ਕੀਤਾ ਜਾਂਦਾ ਹੈ:-

1) ਸ੍ਰੀ ਵਿਜੈ ਕੁਮਾਰ ਸਿੰਗਲਾ ਦੁਆਰਾ ਮਿਤੀ 13-05-2024 ਨੂੰ ਸਟਰੱਕਚਰ ਸੁਰੱਖਿਆ ਸਰਟੀਫਿਕੇਟ ਦਿੱਤਾ ਗਿਆ ਹੈ ਅਤੇ ਉਹਨਾਂ ਦੇ ਸਰਟੀਫਿਕੇਟ ਅਨੁਸਾਰ ਸਕੂਲ ਸੈਸ਼ਨ 2024-25 ਲਈ ਵਰਤੋਂ ਲਈ ਸੁਰੱਖਿਅਤ ਹੈ, ਪਰੰਤੂ ਇਸ ਸਕੂਲ ਦਾ ਨਿਰਮਾਣ ਇਸ ਵਿਭਾਗ ਵੱਲੋਂ ਨਹੀਂ ਕੀਤਾ ਗਿਆ ਹੈ, ਇਸ ਲਈ ਇਸ ਵਿਭਾਗ ਦੁਆਰਾ ਸਕੂਲ ਦੇ ਸਟਰੱਕਚਰ ਦੀ ਸੇਫਟੀ ਖਾਸ ਕਰਕੇ ਭੂਚਾਲ ਦੇ ਦ੍ਰਿਸ਼ਟੀਕੋਣ ਤੋਂ ਯਕੀਨੀ ਨਹੀਂ ਬਣਾਈ ਜਾ ਸਕਦੀ ਹੈ।

2) ਜੇਕਰ ਸਕੂਲ ਵੱਲੋਂ ਇਸ ਇਮਾਰਤ ਵਿੱਚ ਕੋਈ ਵਾਧਾ, ਤਬਦੀਲੀ, ਵਿਸਤਾਰ ਅਤੇ ਸੋਧ ਦੀ ਲੋੜ ਹੈ ਜਾਂ ਕੀਤੇ ਜਾਣੇ ਹਨ ਤਾਂ ਇਸ ਦਫਤਰ ਦੀ ਤੁਰੰਤ ਜਾਂਚ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ ਅਤੇ ਉਸ ਹਿੱਸੇ ਨੂੰ ਮੁਕੰਮਲ ਕਰਕੇ ਉਸ ਦਾ ਸੇਫਟੀ ਸਰਟੀਫਿਕੇਟ ਇਸ ਦਫਤਰ ਪਾਸੋਂ ਫਿਰ ਤੋਂ ਲਿਆ ਜਾਵੇ।

3) ਜੇਕਰ ਬਿਲਡਿੰਗ ਦੀਆਂ ਕੰਧਾ, ਨੀਹਾਂ ਅਤੇ ਛੱਤਾਂ ਕੁਦਰਤੀ ਆਫਤ ਜਾਂ ਕਿਸੇ ਹੋਰ ਕਾਰਨ ਕਰਕੇ ਬੈਠ ਜਾਣ ਤਾਂ ਇਸ ਸੂਰਤ ਵਿੱਚ ਸਕੂਲ ਵੱਲੋਂ ਇਸ ਦਫਤਰ ਨੂੰ ਤੁਰੰਤ ਬਿਲਡਿੰਗ ਦੀ ਹਾਲਤ ਬਾਰੇ ਸੂਚਿਤ ਕੀਤਾ ਜਾਵੇ ਅਤੇ ਨਿਰੀਖਣ ਕਰਵਾਉਣ ਉਪਰੰਤ ਹੀ ਬਿਲਡਿੰਗ ਨੂੰ ਵਰਤੋਂ ਵਿੱਚ ਲਿਆ ਜਾਵੇ।

4) ਸਬੰਧਤ ਵਿਭਾਗ ਤੋਂ ਵੱਖਰੇ ਤੌਰ ਤੇ ਫਾਇਰ ਸੇਫਟੀ ਅਤੇ ਬਿਜਲੀ ਸੇਫਟੀ ਸਰਟੀਫਿਕੇਟ ਪ੍ਰਾਪਤ ਕੀਤਾ ਜਾਵੇ।

5) ਸਕੂਲ ਬਿਲਡਿੰਗ ਦੀ ਸੇਫਟੀ ਨੂੰ ਮੁੱਖ ਰੱਖਦੇ ਹੋਏ ਬਿਲਡਿੰਗ ਦੀ ਰਿਪੇਅਰ ਕਰਵਾਉਣ ਦੀ ਜਿੰਮੇਵਾਰੀ ਸਕੂਲ ਪ੍ਰਬੰਧਨ ਦੀ ਹੈ। ਇਸ ਰਿਪੋਰਟ ਦੇ ਬਾਵਜੂਦ ਸਕੂਲ ਪ੍ਰਬੰਧਨ ਸਾਰੇ ਪੱਖਾਂ ਤੋਂ ਬਿਲਡਿੰਗ ਦੀ ਸੁਰੱਖਿਆ ਲਈ ਜਿੰਮੇਵਾਰ ਹੈ।

6) ਸਕੂਲ ਕੋਲ ਕਿਸੇ ਅਣਸੁਖਾਵੀਂ ਆਪਦਾ ਨਾਲ ਨਜਿੱਠਣ ਲਈ ਯੋਜਨਾ ਹੋਣੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ ਦੌਰਾਨ ਬੱਚਿਆਂ ਨੂੰ ਬਿਲਡਿੰਗ ਵਿਚੋਂ ਸੁਰੱਖਿਅਤ ਬਾਹਰ ਕੱਢਣਾ ਅਤੇ ਸਬੰਧਤ ਵਿਭਾਗ ਨਾਲ ਤਾਲਮੇਲ ਕਰਨ ਦੀ ਯੋਜਨਾ ਹੋਣੀ ਚਾਹੀਦੀ ਹੈ। ਸਕੂਲ ਨੂੰ ਇਸ ਯੋਜਨਾ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਨਿਯਮਿਤ ਤੌਰ 'ਤੇ ਸਮੀਖਿਆ ਅਤੇ ਅੱਪਡੇਟ ਕਰਦੇ ਰਹਿਣਾ ਚਾਹੀਦਾ ਹੈ।

7) ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਰੋਡ ਟੂ ਅਸੈਸ ਦੀ ਮੰਨਜੂਰੀ ਸਬੰਧਤ ਵਿਭਾਗ ਤੋਂ ਲੈਣ ਲਈ ਸਕੂਲ ਪ੍ਰਬੰਧਕ ਖੁਦ ਜਿੰਮੇਵਾਰ ਹੋਵੇਗਾ।

8) ਸਕੂਲ ਨੂੰ ਸਟਾਫ਼ ਮੈਂਬਰਾਂ ਨੂੰ ਉਚਿਤ ਸੁਰੱਖਿਆ ਸਿਖਲਾਈ ਪ੍ਰਦਾਨ ਕਰਨੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ, ਫਸਟ ਏਡ ਅਤੇ ਨਿਕਾਸੀ ਪ੍ਰੋਟੋਕੋਲ ਨੂੰ ਸੰਭਾਲਣ ਦੀਆਂ ਪ੍ਰਕਿਰਿਆਵਾਂ ਵੀ ਸ਼ਾਮਲ ਹਨ।

9) ਸਕੂਲ ਦੇ ਕਵਰਡ ਏਰੀਏ ਦੇ ਹਿਸਾਬ ਨਾਲ ਜੀ.ਆਰ ਨੰ. 2843928 ਮਿਤੀ: 15-05-2024 ਰਾਹੀਂ ਦਸ ਹਜ਼ਾਰ ਰੁਪਏ (10,000/-) ਬਿਲਡਿੰਗ ਨਿਰੀਖਣ ਫੀਸ ਵਜੋਂ ਪ੍ਰਾਪਤ ਕੀਤੇ।

10) ਇਹ ਰਿਪੋਰਟ ਕਾਨੂੰਨੀ ਉਦੇਸ਼ ਲਈ ਵੈਲਿਡ ਨਹੀਂ ਹੈ।

ਨੱਥੀ: ਨਕਸ਼ਾ

ਕਾਰਜਕਾਰੀ ਇੰਜੀਨੀਅਰ,<br>
ਪ੍ਰਾਂਤਕ ਮੰਡਲ ਭ ਤੇ ਮ ਸ਼ਾਖਾ,<br>
ਮਾਨਸਾ

ਪਿੱਠ ਅੰਕਣ ਨੰ.

ਮਿਤੀ

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ ਬੁਢਲਾਡਾ ਨੂੰ ਉਹਨਾਂ ਦੇ ਪੱਤਰ ਨੰ. 140 ਮਿਤੀ 20/05/2024 ਦੇ ਸਬੰਧ ਵਿੱਚ ਭੇਜ ਕੇ ਲਿਖਿਆ ਜਾਂਦਾ ਹੈ ਕਿ ਆਪ ਦੀ ਸਿਫਾਰਿਸ਼ ਨੂੰ ਮੁੱਖ ਰੱਖਦੇ ਹੋਏ ਉਕਤ ਸਕੂਲ ਨੂੰ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕੀਤਾ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,<br>
ਪ੍ਰਾਂਤਕ ਮੰਡਲ ਭ ਤੇ ਮ ਸ਼ਾਖਾ,<br>
ਮਾਨਸਾ।

Memorial Convent School<br>
School Code. 20700)<br>
151501 (Mansa) Pb.

Scanned with OKEN Scanner